**Punjab Vigilance inspects paddy procurement in anaj mandis**

Chandigarh, April 27 : Punjab Vigilance Bureau (VB) today inspected various grain markets in the state to check ongoing paddy procurement process so as to ensure that farmers and commission agents should not face any difficulty or harassment at the hands of any corrupt official.

State Vigilance Bureau Chief Director-cum-ADGP B.K. Uppal said all SSPs, DSPs and officials of various vigilance ranges have been asked to pay surprise visits at the grain markets (Mandis) by forming different teams so that farmers did not face any difficulty in selling their crops.

VB chief added that the designated employees of food supply department and various purchase agencies also accompanied the VB teams so that procurement process should not involve any irregularities and problems.

"Special teams formed in this regard have been asked to check any irregularity in the purchase, weight, payment and lifting process or lack of any basic facility in the grain markets and sub yards. They have also been instructed to get feedback from farmers and the Arhtiyas as well", Uppal said.

He added that inspection reports collected from the field officers indicates satisfactory procurement arrangements as well as smooth weighing and lifting of wheat. He ensured the farmers that VB was fully committed to safeguard their interests and corruption at any level in the procurement process would not be spared. He appealed the public to report corruption by any public servant and other such grievances at Vigilance Bureau's toll free number 1800 1800 1000 without any hesitation.

ਵਿਜੀਲੈਂਸ ਬਿਊਰੋ, ਪੰਜਾਬ

**ਵਿਜੀਲੈਂਸ ਵੱਲੋਂ ਕਣਕ ਦੀ ਸੁਚੱਜੀ ਖਰੀਦ ਸਬੰਧੀ ਮੰਡੀਆਂ 'ਚ ਚੈਕਿੰਗ**

ਕਿਸਾਨਾਂ ਦੇ ਹਿੱਤਾਂ ਨੂੰ ਮਹਿਫੂਜ਼ ਰੱਖਣ ਲਈ ਬਿਊਰੋ ਪੂਰੀ ਵਚਨਬੱਧ-ਉਪਲ

ਚੰਡੀਗੜ੍ਹ, 27 ਅਪ੍ਰੈਲ () ਵਿਜੀਲੈਂਸ ਬਿਊਰੋ ਦੀਆਂ ਵਿਸ਼ੇਸ਼ ਟੀਮਾਂ ਵੱਲੋਂ ਪੰਜਾਬ ਦੀਆਂ ਵੱਖ-ਵੱਖ ਦਾਣਾ ਮੰਡੀਆਂ ਵਿੱਚ ਅੱਜ ਅਚਨਚੇਤ ਚੈਕਿੰਗ ਕੀਤੀ ਗਈ ਤਾਂ ਜੋ ਹਾੜ੍ਹੀ ਦੇ ਚਾਲੂ ਸੀਜ਼ਨ ਦੌਰਾਨ ਕਿਸਾਨਾਂ ਨੂੰ ਮੰਡੀਆਂ ਵਿੱਚ ਖਰੀਦ ਏਜੰਸੀਆਂ ਦੇ ਕਰਮਚਾਰੀਆਂ ਹੱਥੋਂ ਕਿਸੇ ਵੀ ਤਰਾਂ ਦੀ ਸਮੱਸਿਆ ਤੋਂ ਬਚਾਇਆ ਜਾ ਸਕੇ।

ਇਸ ਬਾਰੇ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਮੁੱਖ ਡਾਇਰੈਕਟਰ-ਕਮ-ਏ.ਡੀ.ਜੀ.ਪੀ. ਬੀ.ਕੇ. ਉੱਪਲ ਨੇ ਦੱਸਿਆ ਕਿ ਵਿਜੀਲੈਂਸ ਦੀਆਂ ਵੱਖ-ਵੱਖ ਰੇਜਾਂ ਦੇ ਐਸ.ਐਸ.ਪੀ., ਡੀ.ਐਸ.ਪੀਜ਼ ਅਤੇ ਹੋਰ ਮੁਲਾਜ਼ਮਾਂ ਨੂੰ ਦਿੱਤੇ ਨਿਰਦੇਸ਼ਾਂ ਅਨੁਸਾਰ ਅੱਜ ਵੱਖ-ਵੱਖ ਟੀਮਾਂ ਬਣਾ ਕੇ ਮੰਡੀਆਂ ਵਿਚ ਕਣਕ ਦੀ ਖਰੀਦ, ਭਰਾਈ ਤੇ ਚੁਕਾਈ ਸਬੰਧੀ ਨਿਰੀਖਣ ਕਰਕੇ ਕਿਸਾਨਾਂ ਅਤੇ ਆੜ੍ਹਤੀਆਂ ਤੋਂ ਜਾਣਕਾਰੀ ਪ੍ਰਾਪਤ ਕੀਤੀ ਗਈ ਤਾਂ ਜੋ ਕਿਸਾਨਾਂ ਨੂੰ ਕਣਕ ਵੇਚਣ ਵਿੱਚ ਕੋਈ ਤਕਲੀਫ਼ ਨਾ ਆਵੇ।

ਕਣਕ ਦੀ ਨਿਰਵਿਘਨ ਖਰੀਦ ਬਾਰੇ ਉਨਾਂ ਦੱਸਿਆ ਕਿ ਇਨਾਂ ਟੀਮਾਂ ਦੇ ਨਾਲ ਸਬੰਧਤ ਖੁਰਾਕ ਤੇ ਵੰਡ ਵਿਭਾਗ ਸਮੇਤ ਵੱਖ-ਵੱਖ ਖਰੀਦ ਏਜੰਸੀਆਂ ਦੇ ਕਰਮਚਾਰੀ ਵੀ ਸਨ ਤਾਂ ਜੋ ਬਿਹਤਰ ਨਿਗਰਾਨੀ ਕੀਤੀ ਜਾ ਸਕੇ ਅਤੇ

ਦਰਪੇਸ਼ ਸਮੱਸਿਆ ਨੂੰ ਮੌਕੇ ‘ਤੇ ਹੀ ਹੱਲ ਕਰਵਾਇਆ ਜਾ ਸਕੇ। ਉੱਪਲ ਨੇ ਦੱਸਿਆ ਕਿ ਇਨਾਂ ਜਾਂਚ ਟੀਮਾਂ ਤੋਂ ਪ੍ਰਾਪਤ ਮੁੱਢਲੀਆਂ ਰਿਪੋਰਟਾਂ ਅਨੁਸਾਰ ਮੰਡੀਆਂ ਵਿਚ ਖਰੀਦ, ਅਦਾਇਗੀ, ਲਿਫਟਿੰਗ, ਬਾਰਦਾਨੇ ਜਾਂ ਬੁਨਿਆਦੀ ਸਹੂਲਤਾਂ ਸਬੰਧੀ ਤਸੱਲੀਬਖਸ਼ ਸੂਚਨਾ ਪ੍ਰਾਪਤ ਹੋਈ ਹੈ। ਇਸ ਸਬੰਧੀ ਟੀਮਾਂ ਨੇ ਜਿੰਮੀਦਾਰਾਂ ਅਤੇ ਆੜਤੀਆਂ ਤੋਂ ਵੀ ਰਾਇ ਲਈ ਹੈ।

ਵਿਜੀਲੈਂਸ ਮੁੱਖੀ ਨੇ ਕਿਹਾ ਕਿ ਕਣਕ ਦੇ ਸੀਜ਼ਨ ਦੌਰਾਨ ਕਿਸਾਨਾਂ ਦੇ ਹਿੱਤਾਂ ਨੂੰ ਮਹਿਫੂਜ਼ ਰੱਖਣ ਲਈ ਬਿਊਰੋ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਖਰੀਦ ਦੌਰਾਨ ਕਿਧਰੇ ਵੀ ਭ੍ਰਿਸ਼ਟਾਚਾਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਅਪੀਲ ਕੀਤੀ ਕਿ ਕਿਸੇ ਪ੍ਰਕਾਰ ਦੀ ਸਮੱਸਿਆਂ ਜਾਂ ਭ੍ਰਿਸ਼ਟਾਚਾਰ ਖਿਲਾਫ ਵਿਜੀਲੈਂਸ ਬਿਊਰੋ ਦੇ ਟੋਲ ਫਰੀ ਨੰਬਰ 1800 1800 1000 ’ਤੇ ਕਿਸੇ ਵੀ ਸਮੇਂ ਬੇਝਿਜਕ ਸੰਪਰਕ ਕੀਤਾ ਜਾ ਸਕਦਾ ਹੈ।